# Press Note

**Jagat Guru Nanak Dev**
**Punjab State Open University Patiala**
(Established by Act No. 19 of 2019 of Legislature of the State of Punjab)

**PSOU/PRO/2025/197** **Date: 08 November 2025**

**ਓਪਨ ਯੂਨੀਵਰਸਿਟੀ ਨੇ ਸਥਾਪਨਾ ਦਿਵਸ ਮਨਾਇਆ**

**08 ਨਵੰਬਰ 2025**

ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਵੱਲੋਂ ਪ੍ਰੋ. (ਡਾ.) ਰਤਨ ਸਿੰਘ ਵਾਈਸ-ਚਾਂਸਲਰ ਦੀ ਯੋਗ ਅਗਵਾਈ ਹੇਠ 08 ਨਵੰਬਰ 2025 ਨੂੰ ਯੂਨੀਵਰਸਿਟੀ ਦਾ ਪੰਜਵਾਂ ਸਥਾਪਨਾ ਦਿਵਸ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਹੋਈ। ਪਾਠ ਉਪਰੰਤ ਯੂਨੀਵਰਸਿਟੀ ਦੇ ਸਟਾਫ ਮੈਂਬਰਾਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ।

ਪ੍ਰੋ. (ਡਾ.) ਰਤਨ ਸਿੰਘ, ਵਾਈਸ-ਚਾਂਸਲਰ ਨੇ ਸਥਾਪਨਾ ਦਿਵਸ ਮੌਕੇ ਸਟਾਫ ਅਤੇ ਫੈਕਲਟੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ ਸਾਨੂੰ ਸੱਚਾਈ, ਨਿਮਰਤਾ ਅਤੇ ਮਨੁੱਖਤਾ ਦੇ ਮਾਰਗ ‘ਤੇ ਤੁਰਨ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਨੇ ਯੂਨੀਵਰਸਿਟੀ ਵੱਲੋਂ ਥੋੜੇ ਸਮੇਂ ਵਿੱਚ ਪ੍ਰਾਪਤ ਕੀਤੀਆਂ ਉਪਲਬਧੀਆਂ ਬਾਰੇ ਰੌਸ਼ਨੀ ਪਾਈ। ਉਨ੍ਹਾਂ ਨੇ ਅਧਿਆਪਕਾਂ ਨੂੰ ਸਿੱਖਿਆ ਦੇ ਖੇਤਰ ਵਿੱਚ ਨਵੀਨਤਾ ਅਤੇ ਗੁਣਵੱਤਾ ਨੂੰ ਅੱਗੇ ਵਧਾਉਣ ਲਈ ਪ੍ਰੇਰਿਤ ਕੀਤਾ। ਡਾ. ਅਮਿਤੋਜ ਸਿੰਘ, ਐਸੋਸੀਏਟ ਡੀਨ ਅਕਾਦਮਿਕ ਮਾਮਲੇ, ਨੇ ਕਿਹਾ ਕਿ ਯੂਨੀਵਰਸਿਟੀ ਦਾ ਮਿਸ਼ਨ ਹਰ ਵਰਗ ਦੇ ਵਿਦਿਆਰਥੀਆ ਤੱਕ ਸਿੱਖਿਆ ਪਹੁੰਚਾਣਾ ਹੈ। ਡਾ. ਨਵਲੀਨ ਮੁਲਤਾਨੀ, ਡੀਨ ਰਿਸਰਚ, ਨੇ ਕਿਹਾ ਕਿ ਯੂਨੀਵਰਸਿਟੀ ਨੇ ਅਕਾਦਮਿਕ ਅਤੇ ਖੋਜ ਦੇ ਖੇਤਰ ਵਿੱਚ ਥੋੜ੍ਹੇ ਸਮੇਂ ਵਿੱਚ ਹੀ ਮਹੱਤਵਪੂਰਨ ਉਪਲਬਧੀਆਂ ਹਾਸਲ ਕੀਤੀਆਂ ਹਨ। ਉਨ੍ਹਾਂ ਨੇ ਕਿਹਾ ਕਿ ਯੂਨੀਵਰਸਿਟੀ ਦਾ ਖੋਜ-ਅਧਾਰਿਤ ਦ੍ਰਿਸ਼ਟੀਕੋਣ ਸਮਾਜਿਕ ਤੇ ਆਰਥਿਕ ਵਿਕਾਸ ਵੱਲ ਕੇਂਦ੍ਰਿਤ ਹੈ। ਪ੍ਰੋ. ਬਲਜੀਤ ਸਿੰਘ ਖਹਿਰਾ, ਰਜਿਸਟਰਾਰ, ਨੇ ਓਪਨ ਅਤੇ ਡਿਸਟੈਂਸ ਲਰਨਿੰਗ ਦੇ ਫਾਇਦਿਆਂ ਬਾਰੇ ਜਾਣਕਾਰੀ ਦਿੰਦੀਆਂ ਕਿਹਾ ਕਿ ਇਸ ਪ੍ਰਣਾਲੀ ਰਾਹੀਂ ਸਿੱਖਿਆ ਉਹਨਾਂ ਵਿਦਿਆਰਥੀਆਂ ਤੱਕ ਵੀ ਪਹੁੰਚ ਰਹੀ ਹੈ ਜੋ ਨੌਕਰੀ, ਪਰਿਵਾਰ ਜਾਂ ਕਿਸੇ ਹੋਰ ਕਾਰਨ ਕਰਕੇ ਰਵਾਇਤੀ ਕਾਲਜ ਸਿੱਖਿਆ ਨਹੀਂ ਲੈ ਸਕਦੇ।

ਯੂਨੀਵਰਸਿਟੀ ਦੇ ਸਟਾਫ ਵੱਲੋਂ ਆਨਲਾਈਨ ਡਿਸਟੈਂਸ ਲਰਨਿੰਗ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦੇਣ ਲਈ ਵਿਸ਼ੇਸ਼ ਹੈਲਪ ਡੈਸਕ ਦਾ ਆਯੋਜਨ ਵੀ ਕੀਤਾ ਗਿਆ। ਯੂਨੀਵਰਸਿਟੀ ਦਾ ਉਦੇਸ਼ ਹੁਨਰ-ਅਧਾਰਿਤ ਸਿੱਖਿਆ ਦੇਣਾ ਅਤੇ ਵਿਦਿਆਰਥੀਆਂ ਵਿੱਚ ਰੁਜ਼ਗਾਰ ਯੋਗਤਾ ਪੈਦਾ ਕਰਨਾ ਹੈ। ਇਸ ਸਮੇਂ ਯੂਨੀਵਰਸਿਟੀ ਵੱਲੋਂ ਵੱਖ-ਵੱਖ ਪੋਸਟ ਗ੍ਰੈਜੂਏਟ ਅਤੇ ਅੰਡਰ ਗ੍ਰੈਜੂਏਟ ਪ੍ਰੋਗਰਾਮ ਐਮ.ਏ. ਅੰਗਰੇਜ਼ੀ, ਐਮ.ਏ. ਪੰਜਾਬੀ, ਐਮ.ਏ. ਇਕਨੋਮਿਕਸ, ਐਮ.ਐਸ.ਸੀ. (ਕੰਪਿਊਟਰ ਸਾਇੰਸ), ਬੀ. ਕਾਮ, ਬੀ. ਸੀ. ਏ. ਅਤੇ ਬੀ.ਏ. ਚਲਾਏ ਜਾ ਰਹੇ ਹਨ। ਰਵਾਇਤੀ ਕੋਰਸਾਂ ਦੇ ਨਾਲ-ਨਾਲ ਯੂਨੀਵਰਸਿਟੀ ਵੱਲੋਂ ਰੁਜ਼ਗਾਰ-ਅਧਾਰਿਤ ਸਰਟੀਫਿਕੇਟ ਅਤੇ ਡਿਪਲੋਮਾ ਪ੍ਰੋਗਰਾਮ ਵੀ ਮੁਹਈਆ ਕਰਵਾਏ ਜਾ ਰਹੇ ਹਨ, ਤਾਂ ਜੋ ਵਿਦਿਆਰਥੀ ਆਧੁਨਿਕ ਦੌਰ ਦੀਆਂ ਲੋੜਾਂ ਅਨੁਸਾਰ ਹੁਨਰ ਪ੍ਰਾਪਤ ਕਰ ਸਕਣ। ਇਸ ਤੋਂ ਇਲਾਵਾ, ਯੂਨੀਵਰਸਿਟੀ ਨੇ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਲਰਨਰ ਸਪੋਰਟ ਸੈਂਟਰ ਸਥਾਪਿਤ ਕੀਤੇ ਗਏ ਹਨ, ਜੋ ਵਿਦਿਆਰਥੀਆਂ ਨੂੰ ਅਕਾਦਮਿਕ, ਤਕਨੀਕੀ ਅਤੇ ਪ੍ਰਸ਼ਾਸਨਿਕ ਸਹਾਇਤਾ ਪ੍ਰਦਾਨ ਕਰਦੇ ਹਨ।

**ਡਾਇਰੈਕਟਰ**
**ਲੋਕ ਸੰਪਰਕ**

Director-Public Relations Cell
Jagat Guru Nanak Dev
Punjab State Open University
Patiala – 147001(PB) INDIA

# Photos





## Links

https://www.instagram.com/p/DQyjhGzj1bf/?igsh=Y2kyMTlzdDVsMzh4

https://www.facebook.com/61550941991641/posts/122298334478031399/?mibextid=rS40aB7S9Ucbxw6v